ਨੰ: 3/85/2012-3ਸਿ3/1503

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਪਰਲਜ਼ ਇੰਟਰਨੈਸ਼ਨਲ ਸਕੂਲ, ਭੱਲੋਵਾਲ,
ਤਹਿ: ਮੁਕੇਰੀਆਂ, ਹੁਸ਼ਿਆਰਪੁਰ।

ਮਿਤੀ: ਚੰਡੀਗੜ੍ਹ 28-6-12

ਵਿਸ਼ਾ:- **ਪਰਲਜ਼ ਇੰਟਰਨੈਸ਼ਨਲ ਸਕੂਲ, ਭੱਲੋਵਾਲ, ਤਹਿ: ਮੁਕੇਰੀਆਂ, ਹੁਸ਼ਿਆਰਪੁਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਹੁਸ਼ਿਆਰਪੁਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ---

Scanned with CamScanner

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤ ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ:3/85/2012-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/7-2012 ਗ੍ਰਾਂਟ-1(2), ਮਿਤੀ 29-03-2012 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਪਰਲਜ਼ ਇੰਟਰਨੈਸ਼ਨਲ ਸਕੂਲ, ਭੱਲੋਵਾਲ, ਤਹਿ: ਮੁਕੇਰੀਆਂ, ਹੁਸ਼ਿਆਰਪੁਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

<u>ਅੰਦਰੂਨੀ ਵੰਡ</u>

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਧੀਕ ਸਕੱਤਰ ਸਕੂਲ ਸਿੱਖਿਆ, ਪੰਜਾਬ।

Scanned with CamScanner

/1503

**Punjab Government**
**Education Department**
**(Education – 3 Branch)**

To

The Principal
Pearls International School, Bhallowal
Teh. Mukerian, Hoshiarpur

Dated : Chandigarh 28.06.2012

**Subject :** **Issue of No Objection Certificate to Pearls International School, Bhallowal, Tehsil – Mukerian, Distt. Hoshiarpur for affiliation with CBSE, New Delhi.**

Respected Sir,

Regarding the above subject matter.

2. After due consideration of the documents & Affidavit produced by the school management and recommendations of District Education Officer (SS) Hoshiarpur & Directorate Education Department (SS) Punjab, Chandigarh, no objection certificate is issued by the Punjab Government of the following terms and conditions :-

1. In future in the event of complaint/ on inspection of the school, if it is proved that at the time of getting No Objection Certificate wrong information has been given to the govt. or instructions issued by the Govt. from time to time are not being implemented and the conditions laid down in the affidavit are not being adhered to then in such conditions the NOC may be withdraw at any time.
2. Teaching of Punjabi upto 10th class will be compulsory in your school & CBSE New Delhi will make necessary arrangements for the examination of Punjabi in such school. In the event of non compliance of these instructions, NOC will be withdrawn.
3. School Management will comply with the instructions laid down in notification issued under RTI Act 2009 by the Punjab Govt. & the rules framed for the Punjab State Under RTI Act 2009.
4. After getting affiliation from CBSE, New Delhi school management will be bound to make payment to the teaching & non teaching staff through account payee cheque like Govt. servants. In case of non compliance of these instructions, NOC will be withdrawn.
5. You & your management will ensure that as & when any information is called for by Director, Education Office or Senior Officer of Education Department, such information will be made available to such officer also required co-operation will be explained.

-Sd/-
Senior Secretary School Education

P:A.No. 3/852012-3S

Dated : Chandigarh

With reference to memo No. Memo No. 15/7-2012 grant-1(2), dated 29.03.2012, Senior Director Education Department (SS) Punjab, Chandigarh is requested that, the above school be got inspected at least once in five years & report to this effect be submitted to the Govt. so that we may come to know that the school is adhering to the instructions issued by the Punjab Govt. or not.

2. The documents of Pearls International School, Bhalowal, Tehsil Mukerian, Distt. Hoshiarpur are returned in original.

-Sd/-
Senior Secretary School Education

CC:

1. Personal Secretary/ Education Minister, Punjab.
2. Personal Secretary/ Secretary School Education, Punjab.
3. Personal Secretary/ Addl. Secretary School Education, Punjab

NOTARY
No 322
Satinderjit Singh
Dasuya (Hoshiarpur)
Punjab
R. No 1503
GOVT. OF INDIA

ATTESTED

Scanned with CamScanner